**ਬਨਹਿ ਬਸੇ ਕਿਉ ਪਾਈਐ ਜਉ ਲਉ ਮਨਹੁ ਨ ਤਜਹਿ ਬਿਕਾਰ ॥ ਜਿਹ ਘਰੁ ਬਨੁ ਸਮਸਰਿ ਕੀਆ ਤੇ ਪੂਰੇ ਸੰਸਾਰ ॥੧॥ ਸਾਰ ਸੁਖੁ ਪਾਈਐ ਰਾਮਾ ॥ ਰੰਗਿ ਰਵਹੁ ਆਤਮੈ ਰਾਮ ॥੧॥ ਰਹਾਉ ॥ ਜਟਾ ਭਸਮ ਲੇਪਨ ਕੀਆ ਕਹਾ ਗੁਫਾ ਮਹਿ ਬਾਸੁ ॥ ਮਨੁ ਜੀਤੇ ਜਗੁ ਜੀਤਿਆ ਜਾਂ ਤੇ ਬਿਖਿਆ ਤੇ ਹੋਇ ਉਦਾਸੁ ॥੨॥ ਅੰਜਨੁ ਦੇਇ ਸਭੈ ਕੋਈ ਟੁਕੁ ਚਾਹਨ ਮਾਹਿ ਬਿਡਾਨੁ ॥ ਗਿਆਨ ਅੰਜਨੁ ਜਿਹ ਪਾਇਆ ਤੇ ਲੋਇਨ ਪਰਵਾਨੁ ॥੩॥ ਕਹਿ ਕਬੀਰ ਅਬ ਜਾਨਿਆ ਗੁਰਿ ਗਿਆਨੁ ਦੀਆ ਸਮਝਾਇ ॥ ਅੰਤਰਗਤਿ ਹਰਿ ਭੇਟਿਆ ਅਬ ਮੇਰਾ ਮਨੁ ਕਤਹੂਨ ਜਾਇ ॥੪॥੨॥** {ਪੰਨਾ 1103}

ਪਦਅਰਥ:- ਬਨਹਿ—ਬਨ ਵਿਚ, ਜੰਗਲ ਵਿਚ। ਜਉ ਲਉ—ਜਦ ਤਕ। ਮਨਹੁ—ਮਨ ਤੋਂ। ਨ ਤਜਹਿ—ਤੂੰ ਨਹੀਂ ਤਿਆਗਦਾ। ਜਿਹ—ਜਿਨ੍ਹਾਂ ਨੇ। ਸਮਸਰਿ—ਬਰਾਬਰ, ਇਕੋ ਜਿਹਾ। ਪੂਰੇ—ਪੂਰਨ ਮਨੁੱਖ।1।

ਸਾਰ—ਸ੍ਰੇਸ਼ਟ। ਰਾਮਾ—ਪ੍ਰਭੂ ਦਾ ਨਾਮ ਸਿਮਰਿਆਂ, ਪ੍ਰਭੂ ਤੋਂ। ਰੰਗਿ—ਪ੍ਰੇਮ ਨਾਲ। ਆਤਮੈ—ਆਤਮਾ ਵਿਚ, ਆਪਣੇ ਅੰਦਰ। ਰਵਹੁ—ਸਿਮਰੋ।1। ਰਹਾਉ।

ਕੀਹ—ਕੀਹ ਹੋਇਆ? ਕੋਈ ਲਾਭ ਨਹੀਂ। ਬਿਖਿਆ ਤੇ—ਮਾਇਆ ਤੋਂ।2।

ਅੰਜਨੁ—ਸੁਰਮਾ। ਦੇਇ—ਦੇਂਦਾ ਹੈ, ਪਾਂਦਾ ਹੈ। ਟੁਕੁ—ਰਤਾ। ਚਾਹਨ—ਭਾਵਨਾ, ਨੀਅਤ। ਬਿਡਾਨੁ—ਫ਼ਰਕ। ਜਿਹ—ਜਿਨ੍ਹਾਂ ਨੇ। ਲੋਇਨ—ਅੱਖਾਂ।3।

ਗੁਰਿ—ਗੁਰੂ ਨੇ। ਅੰਤਰਗਤਿ—ਅੰਦਰ ਹਿਰਦੇ ਵਿਚ ਬੈਠਾ ਹੋਇਆ। ਭੇਟਿਆ—ਮਿਲਿਆ। ਕਤਹੂ—ਹੋਰ ਕਿਸੇ ਪਾਸੇ।4।

ਅਰਥ:- ਅਸਲ ਸ੍ਰੇਸ਼ਟ ਸੁਖ ਪ੍ਰਭੂ ਦਾ ਨਾਮ ਸਿਮਰਿਆਂ ਹੀ ਮਿਲਦਾ ਹੈ; (ਇਸ ਵਾਸਤੇ, ਹੇ ਭਾਈ!) ਆਪਣੇ ਹਿਰਦੇ ਵਿਚ ਹੀ ਪ੍ਰੇਮ ਨਾਲ ਰਾਮ ਦਾ ਨਾਮ ਸਿਮਰੋ।1। ਰਹਾਉ।

ਜਦ ਤਕ, (ਹੇ ਭਾਈ!) ਤੂੰ ਆਪਣੇ ਮਨ ਵਿਚੋਂ ਵਿਕਾਰ ਨਹੀਂ ਛੱਡਦਾ, ਜੰਗਲ ਵਿਚ ਜਾ ਵੱਸਿਆਂ ਪਰਮਾਤਮਾ ਕਿਵੇਂ ਮਿਲ ਸਕਦਾ ਹੈ? ਜਗਤ ਵਿਚ ਪੂਰਨ ਪੁਰਖ ਉਹੀ ਹਨ ਜਿਨ੍ਹਾਂ ਨੇ ਘਰ ਤੇ ਜੰਗਲ ਨੂੰ ਇਕੋ ਜਿਹਾ ਕਰ ਜਾਣਿਆ ਹੈ (ਭਾਵ, ਗ੍ਰਿਹਸਤ ਵਿਚ ਰਹਿੰਦੇ ਹੋਏ ਹੀ ਤਿਆਗੀ ਹਨ)।1।

ਜੇ ਤੁਸਾਂ ਜਟਾ (ਧਾਰ ਕੇ ਉਹਨਾਂ) ਨੂੰ ਸੁਆਹ ਲਿੰਬ ਲਈ, ਜਾਂ ਕਿਸੇ ਗੁਫ਼ਾ ਵਿਚ ਜਾ ਡੇਰਾ ਲਾਇਆ, ਤਾਂ ਭੀ ਕੀਹ ਹੋਇਆ? (ਮਾਇਆ ਦਾ ਮੋਹ ਇਸ ਤਰ੍ਹਾਂ ਖ਼ਲਾਸੀ ਨਹੀਂ ਕਰਦਾ)। ਜਿਨ੍ਹਾਂ ਨੇ ਆਪਣੇ ਮਨ ਨੂੰ ਜਿੱਤ ਲਿਆ ਹੈ ਉਹਨਾਂ (ਮਾਨੋ) ਸਾਰੇ ਜਗਤ ਨੂੰ ਜਿੱਤ ਲਿਆ, ਕਿਉਂਕਿ ਮਨ ਜਿੱਤਣ ਨਾਲ ਹੀ ਮਾਇਆ ਤੋਂ ਉਪਰਾਮ ਹੋਈਦਾ ਹੈ।2।

ਹਰ ਕੋਈ ਸੁਰਮਾ ਪਾ ਲੈਂਦਾ ਹੈ, ਪਰ (ਸੁਰਮਾ ਪਾਣ ਵਾਲਿਆਂ ਦੀ) ਨੀਅਤ ਵਿਚ ਕੁਝ ਫ਼ਰਕ ਹੋਇਆ ਕਰਦਾ ਹੈ (ਕੋਈ ਸੁਰਮਾ ਪਾਂਦਾ ਹੈ ਵਿਕਾਰਾਂ ਲਈ, ਤੇ ਕੋਈ ਅੱਖਾਂ ਦੀ ਨਜ਼ਰ ਚੰਗੀ ਰੱਖਣ ਲਈ। ਤਿਵੇਂ, ਮਾਇਆ ਦੇ ਬੰਧਨਾਂ ਤੋਂ ਨਿਕਲਣ ਲਈ ਉੱਦਮ ਕਰਨ ਦੀ ਲੋੜ ਹੈ, ਪਰ ਉੱਦਮ ਉੱਦਮ ਵਿਚ ਫ਼ਰਕ ਹੈ) ਉਹੀ ਅੱਖਾਂ (ਪ੍ਰਭੂ ਦੀ ਨਜ਼ਰ ਵਿਚ) ਕਬੂਲ ਹਨ ਜਿਨ੍ਹਾਂ (ਗੁਰੂ ਦੇ) ਗਿਆਨ ਦਾ ਸੁਰਮਾ ਪਾਇਆ ਹੈ।3।

ਕਬੀਰ ਆਖਦਾ ਹੈ—ਮੈਨੂੰ ਮੇਰੇ ਗੁਰੂ ਨੇ (ਜੀਵਨ ਦੇ ਸਹੀ ਰਸਤੇ ਦਾ) ਗਿਆਨ ਬਖ਼ਸ਼ ਦਿੱਤਾ ਹੈ। ਮੈਨੂੰ ਹੁਣ ਸਮਝ ਆ ਗਈ ਹੈ। (ਗੁਰੂ ਦੀ ਕਿਰਪਾ ਨਾਲ) ਮੇਰੇ ਅੰਦਰ ਬੈਠਾ ਹੋਇਆ ਪਰਮਾਤਮਾ ਮੈਨੂੰ ਮਿਲ ਪਿਆ ਹੈ, ਮੇਰਾ ਮਨ (ਜੰਗਲ ਗੁਫ਼ਾ ਆਦਿਕ) ਕਿਸੇ ਹੋਰ ਪਾਸੇ ਨਹੀਂ ਜਾਂਦਾ।4।2।

ਸ਼ਬਦ ਦਾ ਭਾਵ:- ਗ੍ਰਿਹਸਤ ਤਿਆਗਿਆਂ ਅਸਲ ਸੁਖ ਦੀ ਪ੍ਰਾਪਤੀ ਨਹੀਂ ਹੁੰਦੀ। ਵਿਕਾਰ ਤਾਂ ਅੰਦਰ ਹੀ ਟਿਕੇ

ਰਹਿੰਦੇ ਹਨ। ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਪਰਮਾਤਮਾ ਦਾ ਸਿਮਰਨ ਕਰੋ, ਇਸ ਤਰ੍ਹਾਂ ਗ੍ਰਿਹਸਥ ਵਿਚ ਰਹਿੰਦੇ ਹੋਏ ਹੀ ਤਿਆਗੀ ਰਹੋਗੇ।